VIGILANCE BUREAU, PUNJAB

**VIGILANCE BUREAU TO OBSERVE 'VIGILANCE AWARENESS WEEK' TO WEED OUT CORRUPTION AMONG SOCIETY**

Chandigarh, October 26:

Punjab Vigilance Bureau will observe 'Vigilance Awareness Week' across Punjab from October 27 to November 2, 2020 in which various state departments and educational institutions to be involved during the week-long campaign.

Disclosing this here today, ADGP-cum-Chief Director of Vigilance Bureau said the Central Vigilance Commission (CVC) provides a special slogan every year for the Vigilance Awareness Week to aware the public for eradication of all forms of corruption in the country. This time "Vigilant India - Prosperous India" has been chosen as the theme by the CVC, he added.

He further informed that under the directions of Punjab Chief Minister, Capt. Amarinder Singh, the state Vigilance Bureau (VB) has adopted zero tolerance approach against corruption. In this regard, the VB had already launched a campaign against the corruption in government offices and has arrested several accused in the drive, said Uppal.

Sharing more details, VB chief added that during this awareness week, the general public and students would be made aware about the work being done by the VB to eliminate corruption and to assist them in the efforts to weed out corruption amongst public servants.

In addition, he said the VB has already issued instructions to all SSPs of VB ranges including employees about observance of Vigilance Awareness Week. The VB officers would conduct awareness events in educational institutions and government offices. Apart from this, panchs, sarpanchs, block samiti and zila parishad members would also be involved in this campaign.

Uppal revealed that during the tenure of the present government, the VB has laid 425 traps and caught 559 accused red handed including 47 gazetted officers, 440 non-gazetted officers, and 72 private persons from

March 1, 2017 to September 30, 2020. In addition, 123 criminal cases were registered against 75 gazetted officers, 156 non-gazetted officers, and 183 private persons. Moreover, 16 cases of disproportionate assets were registered under which 7 gazetted officers and 9 non-gazetted employees have also been arrested. Meanwhile, 230 vigilance inquiries were also registered against 102 gazetted officers, 147 non-gazetted and 101 private persons.

---------------

ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਵੱਲੋਂ ਸਮਾਜ 'ਚੋਂ ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ 'ਚੌਕਸੀ ਜਾਗਰੂਕਤਾ ਹਫ਼ਤਾ' ਮਨਾਇਆ ਜਾਵੇਗਾ

ਚੰਡੀਗੜ, 26 ਅਕਤੂਬਰ : ਪੰਜਾਬ ਚੌਕਸੀ ਬਿਊਰੋ ਵੱਲੋਂ ਸੂਬੇ ਭਰ ਵਿੱਚ 27 ਅਕਤੂਬਰ ਤੋਂ 2 ਨਵੰਬਰ, 2020 ਤੱਕ 'ਚੌਕਸੀ ਜਾਗਰੂਕਤਾ ਹਫ਼ਤਾ' ਮਨਾਇਆ ਜਾਵੇਗਾ ਜਿਸ ਵਿੱਚ ਹਫ਼ਤਾ ਭਰ ਚੱਲਣ ਵਾਲੀ ਮੁਹਿੰਮ ਦੌਰਾਨ ਸੂਬੇ ਦੇ ਵੱਖ-ਵੱਖ ਵਿਭਾਗਾਂ ਅਤੇ ਵਿਦਿਅਕ ਸੰਸਥਾਵਾਂ ਨੂੰ ਸ਼ਾਮਲ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੌਕਸੀ ਬਿਊਰੋ ਦੇ ਏਡੀਜੀਪੀ-ਕਮ-ਮੁੱਖ ਨਿਰਦੇਸ਼ਕ ਨੇ ਕਿਹਾ ਕਿ ਕੇਂਦਰੀ ਚੌਕਸੀ ਕਮਿਸ਼ਨ (ਸੀਵੀਸੀ) ਵੱਲੋਂ ਦੇਸ਼ ਵਿੱਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਲੋਕਾਂ ਨੂੰ ਜਾਗਰੂਕ ਕਰਨ ਹਿੱਤ ਮਨਾਏ ਜਾਂਦੇ ਸਲਾਨਾ ਚੌਕਸੀ ਜਾਗਰੂਕਤਾ ਹਫ਼ਤੇ ਲਈ ਹਰ ਸਾਲ ਇੱਕ ਵਿਸ਼ੇਸ਼ ਨਾਅਰਾ ਦਿੱਤਾ ਜਾਂਦਾ ਹੈ। ਇਸ ਵਾਰ ਸੀਵੀਸੀ ਦੁਆਰਾ "ਚੌਕਸ ਭਾਰਤ - ਖੁਸ਼ਹਾਲ ਭਾਰਤ" ਨੂੰ ਥੀਮ ਵਜੋਂ ਚੁਣਿਆ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਰਾਜ ਚੌਕਸੀ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਈ ਹੈ। ਸ੍ਰੀ ਉੱਪਲ ਨੇ ਕਿਹਾ ਕਿ ਇਸ ਸਬੰਧ ਵਿੱਚ ਬਿਊਰੋ ਨੇ ਪਹਿਲਾਂ ਹੀ ਸਰਕਾਰੀ ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਮੁਹਿੰਮ ਚਲਾਈ ਹੋਈ ਹੈ ਜਿਸ ਤਹਿਤ ਕਈ ਮੁਲਜ਼ਮਾਂ ਨੂੰ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਚੌਕਸੀ ਬਿਊਰੋ ਦੇ ਮੁਖੀ ਨੇ ਕਿਹਾ ਕਿ ਇਸ ਜਾਗਰੂਕਤਾ ਹਫ਼ਤੇ ਦੌਰਾਨ, ਭ੍ਰਿਸ਼ਟਾਚਾਰ ਨਾਲ ਨਜਿੱਠਣ ਸਬੰਧੀ ਬਿਊਰੋ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਆਮ ਲੋਕਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਜਨਤਕ ਸੇਵਕਾਂ ਦਰਮਿਆਨ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦੇ ਯਤਨਾਂ ਵਿੱਚ ਸਹਾਇਤਾ ਲਈ ਪ੍ਰੇਰਿਤ ਕੀਤਾ ਜਾਵੇਗਾ।

ਉਹਨਾਂ ਅੱਗੇ ਕਿਹਾ ਕਿ ਚੌਕਸੀ ਜਾਗਰੂਕਤਾ ਹਫ਼ਤਾ ਮਨਾਉਣ ਸਬੰਧੀ ਸਮੂਹ ਕਰਮਚਾਰੀਆਂ ਸਮੇਤ ਬਿਊਰੋ ਦੀਆਂ ਰੇਂਜਾਂ ਦੇ ਸਾਰੇ ਐਸਐਸਪੀਜ਼ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਹਨ। ਚੌਕਸੀ ਅਧਿਕਾਰੀ ਵਿਦਿਅਕ ਅਦਾਰਿਆਂ ਅਤੇ ਸਰਕਾਰੀ ਦਫ਼ਤਰਾਂ ਵਿੱਚ ਜਾਗਰੂਕਤਾ ਪ੍ਰੋਗਰਾਮ

ਕਰਵਾਉਣਗੇ। ਇਸ ਤੋਂ ਇਲਾਵਾ ਪੰਚ, ਸਰਪੰਚ, ਬਲਾਕ ਸੰਮਤੀ ਅਤੇ ਜ਼ਿਲਾ ਪ੍ਰੀਸ਼ਦ ਮੈਂਬਰ ਵੀ ਇਸ ਮੁਹਿੰਮ ਵਿਚ ਸ਼ਾਮਲ ਹੋਣਗੇ।

ਸ੍ਰੀ ਉੱਪਲ ਨੇ ਦੱਸਿਆ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਚੌਕਸੀ ਬਿਊਰੋ ਵੱਲੋਂ 1 ਮਾਰਚ, 2017 ਤੋਂ 30 ਸਤੰਬਰ, 2020 ਤੱਕ 425 ਟਰੈਪ ਲਗਾਕੇ 559 ਦੋਸ਼ੀਆਂ ਨੂੰ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਿਨਾਂ ਵਿੱਚ 47 ਗਜ਼ਟਿਡ ਅਧਿਕਾਰੀ, 440 ਅਗਜ਼ਟੀ ਅਧਿਕਾਰੀ ਅਤੇ 72 ਪ੍ਰਾਈਵੇਟ ਵਿਅਕਤੀ ਸ਼ਾਮਲ ਸਨ। ਇਸ ਤੋਂ ਇਲਾਵਾ 75 ਗਜ਼ਟਿਡ ਅਧਿਕਾਰੀਆਂ, 156 ਅਗਜ਼ਟੀ ਅਧਿਕਾਰੀਆਂ ਅਤੇ 183 ਆਮ ਵਿਅਕਤੀਆਂ ਵਿਰੁੱਧ 123 ਅਪਰਾਧਿਕ ਮਾਮਲੇ ਦਰਜ ਕੀਤੇ ਗਏ ਸਨ। ਇਸ ਤੋਂ ਇਲਾਵਾ, ਨਾਜਾਇਜ਼ ਜਾਇਦਾਦਾਂ ਸਬੰਧੀ 16 ਮਾਮਲੇ ਦਰਜ ਕੀਤੇ ਗਏ ਜਿਸ ਤਹਿਤ 7 ਗਜ਼ਟਿਡ ਅਧਿਕਾਰੀ ਅਤੇ 9 ਅਗਜ਼ਟੀ ਕਰਮਚਾਰੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਇਸ ਦੌਰਾਨ 230 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ ਹਨ ਜਿਨਾਂ ਵਿੱਚ 102 ਗਜ਼ਟਿਡ ਅਧਿਕਾਰੀਆਂ, 147 ਅਗਜ਼ਟੀ ਅਤੇ 101 ਪ੍ਰਾਈਵੇਟ ਵਿਅਕਤੀ ਸ਼ਾਮਲ ਹਨ।

------------